# ਪੰਜਾਬ ਐਜੂਸੈਟ ਸੁਸਾਇਟੀ

ਈ.ਐਂਡ.ਐਫ ਬਲਾਕ, ਟੈਕਸਟ ਬੁੱਕ ਸੈਲ, ਵਿੱਦਿਆ ਭਵਨ,
ਪਹਿਲੀ ਮੰਜ਼ਿਲ, ਪੀ.ਐਸ.ਈ.ਬੀ.ਕੈਂਪਸ, ਫੇਜ਼-8, ਅਜੀਤਗੜ੍ਹ।
ਫੋਨ ਨੰ. 0172- 2231800, 2215701 ਈ-ਮੇਲ: edusat.punjab@gmail.com


ਸੇਵਾ ਵਿਖੇ,

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਐਜੂਸੈਟ ਸੁਵਿਧਾ ਵਾਲੇ ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ.: 24/40/2013/ਪੀ.ਈ.ਐਸ/ਟਾਈਮ-ਸ਼ਡਿਊਲ/7536-37
ਮਿਤੀ: ..25.. ਦਸੰਬਰ, 2014

ਵਿਸ਼ਾ: ਸਕੂਲ ਸਿੱਖਿਆ ਵਿਭਾਗ ਲਈ ਐਜੂਸੈਟ ਪ੍ਰੋਗਰਾਮਾਂ ਦੀ ਸ਼ਡਿਊਲ ਮਹੀਨਾ ਜਨਵਰੀ-2015.

1.0 ਜਨਵਰੀ-2015 ਦੀ ਐਜੂਸੈਟ ਸ਼ਡਿਊਲ, ਜਿਸ ਵਿੱਚ 11ਵੀਂ ਅਤੇ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮਾਂ ਅਤੇ ਹੋਰ ਪ੍ਰੋਗਰਾਮਾਂ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ (ਨੱਥੀ)। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿੱਦਿਆਰਥੀ ਐਜੂਸੈਟ ਰੂਮ ਵਿੱਚ ਹਾਜ਼ਰ ਰਹਿ ਕੇ ਨਸ਼ਰ ਕੀਤੇ ਪ੍ਰੋਗਰਾਮਾਂ ਵਿੱਚ ਭਾਗ ਲੈ ਰਹੇ ਹਨ। ਟੈਲੀਕਾਸਟ ਸਮੇਂ ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਉਸ ਟਾਪਿਕ ਨੂੰ ਪੂਰਾ ਕਰੇਗਾ। ਐਜੂਸੈਟ ਲਾਈਬਰੇਰੀ ਦੀ ਵਰਤੋਂ ਪੀਰੀਅਡ ਐਡਜਸਟਮੈਂਟ ਲਈ ਜਰੂਰ ਕੀਤੀ ਜਾਵੇ।

2.0 ਐਜੂਸੈਟ ਰੂਮ ਅਤੇ ਐਜੂਸੈਟ ਲਾਈਬਰੇਰੀ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿੱਦਿਆਰਥੀਆਂ ਦੀ ਹਾਜ਼ਰੀ ਐਜੂਸੈਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋਂ ਟੈਲੀਫੋਨ ਰਾਹੀਂ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿੱਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ ਐਜੂਸੈਟ ਪ੍ਰੋਗਰਾਮਾਂ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿੱਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ।

3.0 12ਵੀਂ ਜਮਾਤ ਦੇ ਸਾਇੰਸ ਦੇ ਵਿੱਦਿਆਰਥੀਆਂ ਲਈ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਦਾ ਪ੍ਰੋਗਰਾਮ ਜੋ ਸਰਦੀਆਂ ਦੀਆਂ ਛੁੱਟੀਆਂ ਕਾਰਣ ਰੋਕਣਾ ਪਿਆ ਸੀ ਫਿਰ ਤੋਂ ਨਵੇਂ ਸਾਲ ਵਿੱਚ ਜਾਰੀ ਰਹੇਗਾ।

4.0 ਵਿੱਦਿਆਰਥੀ, ਵਿਸ਼ਾ ਅਧਿਆਪਕ, ਸਕੂਲ ਮੁੱਖੀ ਅਤੇ ਹੋਰ ਸਬੰਧਤ ਆਪਣੀ ਰਾਇ ਈ-ਮੇਲ ਰਾਹੀਂ ਜਰੂਰ ਭੇਜਣ ਤਾਂ ਜੋ ਪ੍ਰੋਗਰਾਮਾਂ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਸਮੂਹ ਪ੍ਰਿੰਸੀਪਲ ਡਾਇਟ ਨਸ਼ਰ ਕੀਤੇ ਪ੍ਰੋਗਰਾਮਾਂ ਦੀ ਹਫਤਾਵਾਰ ਇਵੈਲੂਏਸ਼ਨ ਰਿਪੋਰਟ ਸਬੰਧਤ ਆਪਣੀ ਸੰਸਥਾ ਦੇ ਲੈਕਚਰਾਰ ਤੋਂ ਤਿਆਰ ਕਰਵਾ ਕੇ (ਡਾਇਰੈਕਟਰ ਐਸ.ਸੀ.ਈ.ਆਰ.ਟੀ ਰਾਹੀਂ) ਈ-ਮੇਲ feedbackedusat@gmail.com, edusat.punjab@gmail.com & punjabedusatevaluation@gmail.com ਤੇ ਭੇਜਣੀ ਯਕੀਨੀ ਬਣਾਉਣਗੇ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਵਾ:ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠਅੰਕਣ ਨੰ.: 24/40/2013/ਪੀ.ਈ.ਐਸ/ਟਾਈਮ-ਸ਼ਡਿਊਲ/7538 ਮਿਤੀ: 25.12.2014.

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ।

1. ਡੀ.ਪੀ.ਆਈ.(ਸੈ.ਸਿ) ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
3. ਡਿਪਟੀ ਡਾਇਰੈਕਟਰ, ਐਸ.ਆਈ.ਐਸ.ਈ ਪੰਜਾਬ ਪੱਤਰ ਨੰ. 24/104/2013/ਪੀ.ਈ.ਐਸ/ਆਰ.ਪੀ/4278-79, ਮਿਤੀ 17.08.2013 ਦੇ ਹਵਾਲੇ ਨਾਲ।
4. ਸਮੂਹ ਪ੍ਰਿੰਸੀਪਲ ਡਾਇਟ ਅਤੇ ਜੀ.ਆਈ.ਐਸ.ਟੀ.ਸੀ।
5. ਸਬੰਧਤ ਵਿਸ਼ਾ ਮਾਹਿਰ, ਸਟੂਡਿਓ ਇੰਜੀਨੀਅਰ ਅਤੇ ਤਕਨੀਕੀ ਸਟਾਫ, ਐਜੂਸੈਟ।
6. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਤੇ ਪਾਉਣ ਹਿੱਤ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਵਾ:ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ